Vigilance Bureau Punjab

**VIGILANCE NABS MARKFED DEPUTY MANAGER FOR TAKING BRIBE, MANAGER ALSO BOOKED**

Chandigarh, November 28: State Vigilance Bureau today nabbed Deputy Manager Markfed red handed while accepting bribe of Rs. 50000/-. In this case Manager cum Assistant Field Officer of Markfed has also been included in the bribery case who is absconding.

Disclosing this here an official spokesperson of the Vigilance Bureau said Vishal Gupta Deputy Manager, posted at Bhadson in Patiala district, was nabbed red handed by Vigilance team for accepting bribe of Rs. 50,000 from complainant Jasveer Singh of village Dargapur, Patiala district.

The Complainant has approached the VB and alleged that accused Vishal Gupta and Sandeep Sharma Manager cum Assistant Field Officer were demanding Rs. 50,000 as a commission (Rs. 2.50 per quintal) for storing paddy in his rice sheller. After verifying his information, the Vigilance team laid a trap and deputy manager Gupta was arrested on the spot while accepting bribe of Rs. 50,000/- from the complainant in the presence of two official witnesses. The other accused manager Sandeep Sharma could not be arrested and teams have been constituted to nab the absconding accused.

He informed that a case under Prevention of Corruption Act has been registered against both the accused at VB police station Patiala and further investigations was under progress

----------------

**ਵਿਜੀਲੈਂਸ ਬਿਓਰੋ ਪੰਜਾਬ**

# ਸ਼ੈਲਰ 'ਚ ਝੋਨਾ ਲਾਉਣ ਬਦਲੇ ਵਿਜੀਲੈਂਸ ਵਲੋਂ ਮਾਰਕਫੈਡ ਦਾ ਡਿਪਟੀ ਮੈਨੇਜਰ ਰਿਸ਼ਵਤ ਲੈਂਦਾ ਕਾਬੂ ਤੇ ਮੈਨੇਜਰ ਹੋਇਆ ਭਗੌੜਾ

ਚੰਡੀਗੜ੍ਹ, 28 ਨਵੰਬਰ: ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਅੱਜ ਭਾਦਸੋਂ, ਪਟਿਆਲਾ ਵਿਖੇ ਤਾਇਨਾਤ ਮਾਰਕਫੈਡ ਦੇ ਡਿਪਟੀ ਮੈਨੇਜਰ ਨੂੰ 50,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕੀਤਾ ਗਿਆ ਜਦਕਿ ਇਸੇ ਰਿਸ਼ਵਤਖੋਰੀ ਦੇ ਕੇਸ ਵਿਚ ਮੈਨੇਜਰ ਕਮ ਖੇਤਰੀ ਅਫਸਰ ਗ੍ਰਿਫਤਾਰੀ ਦੇ ਡਰ ਕਾਰਨ ਭਗੌੜਾ ਹੋ ਗਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਡਿਪਟੀ ਮੈਨੇਜਰ ਵਿਸ਼ਾਲ ਗੁਪਤਾ ਨੂੰ ਸ਼ਿਕਾਇਤਕਰਤਾ ਜਸਵੀਰ ਸਿੰਘ ਵਾਸੀ ਦਰਗਾਪੁਰ, ਜਿਲਾ ਪਟਿਆਲਾ ਦੀ ਸ਼ਿਕਾਇਤ 'ਤੇ 50,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੱਸਿਆ ਕਿ ਮੈਨੇਜਰ ਕਮ ਖੇਤਰੀ ਅਫਸਰ ਸੰਦੀਪ ਸ਼ਰਮਾ ਅਤੇ ਡਿਪਟੀ ਮੈਨੇਜਰ ਵਿਕਾਸ਼ ਗੁਪਤਾ ਮਾਰਕਫੈਡ ਵਲੋਂ ਖਰੀਦ ਕੀਤਾ ਝੋਨਾ ਉਸ ਦੇ ਸ਼ੈਲਰ ਵਿਚ ਸਟੋਰ ਕਰਨ ਬਦਲੇ 2.50 ਰੁਪਏ ਪ੍ਰਤੀ ਕੁਇੰਟਲ ਦੇ ਹਿਸਾਬ ਨਾਲ 50,000 ਰੁਪਏ ਦੀ ਮੰਗ ਕਰ ਰਹੇ ਹਨ।

ਵਿਜੀਲੈਂਸ ਵਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਮੁਲਜਮ ਡਿਪਟੀ ਮੈਨੇਜਰ ਵਿਸ਼ਾਲ ਗੁਪਤਾ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 50,000 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚ ਲਿਆ ਜਦਕਿ ਇਸ ਮਾਮਲੇ ਵਿਚ ਮੈਨੇਜਰ ਕਮ ਖੇਤਰੀ ਅਫਸਰ ਸੰਦੀਪ ਸ਼ਰਮਾ ਗ੍ਰਿਫਤਾਰੀ ਦੇ ਡਰ ਕਾਰਨ ਭਗੌੜਾ ਗਿਆ। ਜਿਸ ਨੂੰ ਕਾਬੂ ਕਰਨ ਲਈ ਵਿਜੀਲੈਂਸ ਨੇ ਟੀਮਾਂ ਬਣਾ ਦਿੱਤੀਆਂ ਹਨ।

ਬੁਲਾਰੇ ਨੇ ਦੱਸਿਆ ਕਿ ਉਕਤ ਦੋਸ਼ੀਆਂ ਖਿਲਾਫ਼ ਵਿਜੀਲੈਂਸ ਬਿਓਰੋ ਨੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਪਟਿਆਲਾ ਸਥਿਤ ਵਿਜੀਲੈਂਸ ਬਿਓਰੋ ਦੇ ਥਾਣੇ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

------------------